# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 01-08-2025**

## <u>ਪਹਿਲਾ ਬੁਲੇਟਿਨ ਦੀਆਂ ਖ਼ਾਸ ਖ਼ਬਰਾਂ</u>

- ਉਪ ਰਾਸ਼ਟਰਪਤੀ ਦੀ ਚੋਣ 9 ਸਤੰਬਰ ਨੂੰ - ਨਾਮਜ਼ਦਗੀਆਂ ਦਾਖਲ ਕਰਨ ਦੀ ਆਖਰੀ ਤਰੀਕ 21 ਅਗਸਤ ।
- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਵਲੋਂ ਪੰਜਾਬ ਦੀਆਂ ਵੱਖ-ਵੱਖ ਯੂਨੀਵਰਸਿਟੀਆਂ ਦੇ ਵਾਈਸ ਚਾਂਸਲਰਾਂ ਨਾਲ ਮੀਟਿੰਗ - ਵਿਕਸਿਤ ਭਾਰਤ ਯੁਵਾ ਕਨੈਕਟ ਪ੍ਰੋਗਰਾਮ ਨੂੰ ਲਾਗੂ ਕਰਨ ਬਾਰੇ ਕੀਤੀ ਚਰਚਾ।
- ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ -ਸੂਬਾ ਸਰਕਾਰ ਵੱਲੋਂ ਸਾਰੇ ਸਰਕਾਰੀ ਹਸਪਤਾਲਾਂ ਵਿਚ ਨਿਰਵਿਘਨ ਬਿਜਲੀ ਪਹੁੰਚਾਉਣ ਲਈ ਹਾਟਲਾਈਨ ਸੇਵਾਵਾਂ ਨਾਲ ਜੋੜਿਆ ਜਾਵੇਗਾ।

- ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਵਲੋਂ ਸਰਹੱਦ ਪਾਰੋਂ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਦੋ ਮਾਡਿਊਲਾਂ ਦਾ ਪਰਦਾਫਾਸ਼- ਇੱਕ ਨਾਬਾਲਗ ਸਮੇਤ 4 ਕਾਰਕੁਨਾਂ ਨੂੰ ਅਸਲੇ ਸਮੇਤ ਕੀਤਾ ਗ੍ਰਿਫ਼ਤਾਰ।
- ਪੰਜਾਬ ਭਰ ਵਿੱਚ ਅੱਜ ਬਹੁਤੀਆਂ ਥਾਵਾਂ ਤੇ ਹਲਕੀ ਤੋਂ ਦਰਮਿਆਨੀ ਬਾਰਿਸ਼ ਜਦਕਿ ਕਈ ਥਾਵਾਂ 'ਤੇ ਭਾਰੀ ਬਾਰਿਸ਼ ਹੋਈ - ਮੌਸਮ ਵਿਭਾਗ ਵਲੋਂ ਬਾਰਿਸ਼ ਦਾ ਇਹ ਸਿਲਸਿਲਾ ਅਗਲੇ ਪੰਜ ਦਿਨਾਂ ਤੱਕ ਜਾਰੀ ਰਹਿਣ ਦੀ ਪੇਸ਼ੀਨਗੋਈ।

## ਹੁਣ ਖ਼ਬਰਾਂ ਵਿਸਥਾਰ ਨਾਲ....

ਚੋਣ ਕਮਿਸ਼ਨ ਨੇ ਅੱਜ ਭਾਰਤ ਦੇ ਉਪ ਰਾਸ਼ਟਰਪਤੀ ਦੀ ਚੋਣ ਲਈ ਪ੍ਰੋਗਰਾਮ ਦਾ ਐਲਾਨ ਕਰ ਦਿੱਤਾ ਏ। ਚੋਣ ਕਮਿਸ਼ਨ ਮੁਤਾਬਕ, ਚੋਣ 9 ਸਤੰਬਰ ਨੂੰ ਹੋਵੇਗੀ। ਪਿਛਲੇ ਮਹੀਨੇ ਜਗਦੀਪ ਧਨਖੜ ਦੇ ਉਪ-ਰਾਸ਼ਟਰਪਤੀ ਦੇ ਅਹੁਦੇ ਤੋਂ ਅਸਤੀਫਾ ਦੇਣ ਤੋਂ ਬਾਅਦ ਇਹ ਚੋਣ ਜ਼ਰੂਰੀ ਹੋ ਗਈ ਸੀ। ਇਹ ਉਪ-ਰਾਸ਼ਟਰਪਤੀ ਦੀ 17ਵੀਂ ਚੋਣ ਹੋਵੇਗੀ।

ਉਪ-ਰਾਸ਼ਟਰਪਤੀ ਦੀ ਚੋਣ, ਇੱਕ ਚੋਣ ਮੰਡਲ ਵੱਲੋਂ ਕੀਤੀ ਜਾਂਦੀ ਏ, ਜਿਸ ਵਿੱਚ ਲੋਕ ਸਭਾ ਅਤੇ ਰਾਜ ਸਭਾ ਦੇ ਮੈਂਬਰ ਸ਼ਾਮਲ ਹੁੰਦੇ ਨੇ। ਚੋਣ ਲਈ ਨੋਟੀਫਿਕੇਸ਼ਨ ਇਸ ਮਹੀਨੇ ਦੀ 7 ਤਰੀਕ ਨੂੰ ਜਾਰੀ ਕੀਤਾ ਜਾਵੇਗਾ ਤੇ ਦਿਲਚਸਪੀ ਰੱਖਣ ਵਾਲੇ ਉਮੀਦਵਾਰ ਇਸ ਮਹੀਨੇ ਦੀ 21 ਤਰੀਕ ਤੱਕ ਆਪਣੇ ਨਾਮਜ਼ਦਗੀ ਕਾਗਜ਼ ਦਾਖਲ ਕਰ ਸਕਦੇ ਨੇ । ਨਾਮਜ਼ਦਗੀਆਂ ਦੀ ਜਾਂਚ, 22 ਅਗਸਤ ਨੂੰ ਹੋਵੇਗੀ ਜਦੋਂ ਕਿ ਉਮੀਦਵਾਰੀ ਵਾਪਸ ਲੈਣ ਦਾ ਆਖਰੀ ਤਰੀਕ 25 ਅਗਸਤ ਹੋਵੇਗੀ। ਵੋਟਾਂ ਦੀ ਗਿਣਤੀ 9 ਸਤੰਬਰ ਨੂੰ ਹੋਵੇਗੀ।

---------------------------------------------------

ਪ੍ਰਧਾਨ ਮੰਤਰੀ ਨਰੇਂਦਰ  ਮੋਦੀ ਕੱਲ੍ਹ ਉੱਤਰ ਪ੍ਰਦੇਸ਼ ਦੇ ਵਾਰਾਣਸੀ ਵਿੱਚ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ ਦੀ 20ਵੀਂ ਕਿਸ਼ਤ ਦੇ ਤਹਿਤ, 9 ਕਰੋੜ 70 ਲੱਖ ਤੋਂ ਵੱਧ ਕਿਸਾਨਾਂ ਨੂੰ, 20 ਹਜ਼ਾਰ 500 ਕਰੋੜ ਰੁਪਏ ਜਾਰੀ ਕਰਨਗੇ। ਉਹ 2 ਹਜ਼ਾਰ 200 ਕਰੋੜ ਰੁਪਏ ਦੇ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਅਤੇ ਨੀਂਹ ਪੱਥਰ ਵੀ ਰੱਖਣਗੇ।

---------------------------------------------------

ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸ਼ਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਅੱਜ ਪੰਜਾਬ ਦੀਆਂ ਵੱਖ-ਵੱਖ ਯੂਨੀਵਰਸਿਟੀਆਂ ਦੇ ਵਾਈਸ ਚਾਂਸਲਰਾਂ ਨਾਲ ਇੱਕ ਮੀਟਿੰਗ ਕੀਤੀ। ਮੀਟਿੰਗ ਦੌਰਾਨ ਭਾਰਤ ਸਰਕਾਰ ਵਲੋਂ 15 ਤੋਂ 29 ਸਾਲ ਦੀ ਉਮਰ ਦੇ ਨੌਜਵਾਨਾਂ ਨੂੰ ਸਰਗਰਮੀ ਨਾਲ ਸ਼ਾਮਲ ਕਰਨ ਲਈ ਸ਼ੁਰੂ ਕੀਤੇ ਗਏ ਵਿਕਸਿਤ ਭਾਰਤ ਯੁਵਾ ਕਨੈਕਟ ਪ੍ਰੋਗਰਾਮ ਨੂੰ ਲਾਗੂ ਕਰਨ ਬਾਰੇ ਚਰਚਾ ਕੀਤੀ ਗਈ। ਇਸ ਦੇਸ਼ ਵਿਆਪੀ ਪਹਿਲ ਦੇ ਹਿੱਸੇ ਵਜੋਂ, ਪ੍ਰਧਾਨ ਮੰਤਰੀ ਨਰੇਂਦਰ ਮੋਦੀ, 12 ਅਗਸਤ ਨੂੰ ਅੰਤਰ-ਰਾਸ਼ਟਰੀ ਯੁਵਾ ਦਿਵਸ 'ਤੇ ਦੇਸ਼ ਦੇ ਨੌਜਵਾਨਾਂ ਨੂੰ ਸੰਬੋਧਨ ਕਰਨਗੇ ਅਤੇ 2047 ਵਿੱਚ ਵਿਕਾਸ ਭਾਰਤ ਬਣਾਉਣ ਲਈ ਉਨ੍ਹਾਂ ਦੀਆਂ ਇੱਛਾਵਾਂ ਅਤੇ ਪ੍ਰਤੀਕਰਮ ਇਕੱਠੇ ਕਰਨ ਲਈ ਉਨ੍ਹਾਂ ਨਾਲ ਗੱਲਬਾਤ ਕਰਨਗੇ। ਵੀਡੀਓ ਕਾਨਫਰੰਸ ਰਾਹੀਂ ਵਾਈਸ ਚਾਂਸਲਰਾਂ ਨੂੰ ਸੰਬੋਧਨ ਕਰਦੇ ਹੋਏ, ਸ਼੍ਰੀ ਕਟਾਰੀਆ ਨੇ ਕਿਹਾ ਕਿ ਭਾਰਤ ਸਰਕਾਰ ਨੌਜਵਾਨਾਂ ਨੂੰ ਸਸ਼ਕਤ ਬਣਾਉਣ ਲਈ ਲਗਾਤਾਰ ਕੰਮ ਕਰ ਰਹੀ ਏ। ਨਵੀਂ ਸਿੱਖਿਆ ਨੀਤੀ ਅਤੇ ਹੁਨਰ ਵਿਕਾਸ ਅਤੇ ਸਟਾਰਟ-ਅੱਪ 'ਤੇ ਜ਼ੋਰ ਦੇ ਨਾਲ, ਨੌਜਵਾਨ 2047 ਵਿੱਚ ਵਿਕਾਸ

ਭਾਰਤ ਬਣਾਉਣ ਵਿੱਚ ਮਹੱਤਵਪੂਰਨ ਭਾਈਵਾਲ ਬਣ ਗਏ ਹਨ। ਉਨ੍ਹਾਂ ਵਿਸ਼ਵਾਸ ਪ੍ਰਗਟ ਕੀਤਾ ਕਿ ਪੰਜਾਬ ਦੇ ਨੌਜਵਾਨ ਸਾਰੇ ਖੇਤਰਾਂ ਵਿੱਚ ਇੱਕ ਵਿਕਸਤ ਅਤੇ ਸਸ਼ਕਤ ਭਾਰਤ ਦੇ ਇਸ ਦ੍ਰਿਸ਼ਟੀਕੋਣ ਵਿੱਚ ਯੋਗਦਾਨ ਪਾਉਣ ਵਿੱਚ ਅਗਵਾਈ ਕਰਨਗੇ। ਰਾਜਪਾਲ ਨੇ  ਵਾਈਸ ਚਾਂਸਲਰਾਂ ਨੂੰ ਅਪੀਲ ਕੀਤੀ ਕਿ ਉਹ ਇਸ ਪਹਿਲਕਦਮੀ ਲਈ ਅਧਿਕਾਰਤ ਡਿਜੀਟਲ ਪਲੇਟਫਾਰਮ, ਮਾਈ ਭਾਰਤ ਐਪ 'ਤੇ ਆਪਣੇ ਅਦਾਰਿਆਂ ਅਤੇ ਵਿਦਿਆਰਥੀਆਂ ਦੀ ਸਮੇਂ ਸਿਰ ਰਜਿਸਟ੍ਰੇਸ਼ਨ ਯਕੀਨੀ ਬਣਾਉਣ।

---------------------------------------------------------------

ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਏ ਕਿ ਸੂਬਾ ਸਰਕਾਰ ਵੱਲੋਂ ਸਾਰੇ ਸਰਕਾਰੀ ਹਸਪਤਾਲਾਂ ਵਿਚ ਨਿਰਵਿਘਨ ਬਿਜਲੀ ਪਹੁੰਚਾਉਣ ਲਈ ਹਾਟਲਾਈਨ ਸਰਵਿਸ ਨਾਲ ਜੋੜਿਆ ਜਾਵੇਗਾ। ਇਸਦਾ ਉਦੇਸ਼ ਹਸਪਤਾਲਾਂ 'ਚ ਇਲਾਜ ਅਧੀਨ ਨਾਗਰਿਕਾਂ, ਡਾਕਟਰਾਂ ਅਤੇ ਪੈਰਾ-ਮੈਡੀਕਲ ਸਟਾਫ ਨੂੰ ਕਿਸੇ ਕਿਸਮ ਦੀ ਸਮੱਸਿਆ ਨਾ ਆਉਣ ਦੇਣਾ ਏ । ਸੂਬੇ ਦੇ ਵਿੱਚ ਮਿਆਰੀ ਸਿਹਤ ਸੇਵਾਵਾਂ ਨੂੰ ਯਕੀਨੀ ਬਣਾਉਣ

ਦੇ ਮੰਤਵ ਨਾਲ ਅੱਜ ਤਰਨ ਤਾਰਨ ਸਿਵਲ ਹਸਪਤਾਲ ਦਾ ਵਿਸ਼ੇਸ਼ ਦੌਰਾ ਕਰਨ ਮੌਕੇ ਸਿਹਤ ਮੰਤਰੀ ਨੇ ਆਹ ਗੱਲ ਕਹੀ। ਉਹਨਾਂ ਕਿਹਾ ਕਿ ਸਰਕਾਰੀ ਹਸਪਤਾਲਾਂ ਦੇ ਮੁਖੀ  ਸੰਸਥਾਵਾਂ ਵਿਖੇ ਜਰਨੇਟਰ ਅਤੇ ਯੂ.ਪੀ.ਐਸ ਸੇਵਾ ਵੀ ਹਰ ਸਮੇਂ ਮੌਜੂਦ ਰਹਿਣ ਨੂੰ ਯਕੀਨੀ ਬਣਾਉਣ। ਡਾ. ਬਲਬੀਰ ਸਿੰਘ ਨੇ ਸਿਵਲ ਹਸਪਤਾਲ ਵਿਖੇ ਸਥਾਪਿਤ ਆਕਸੀਜਨ ਪਲਾਂਟ ਦਾ ਵਿਸ਼ੇਸ਼ ਦੌਰਾ ਕੀਤਾ ਅਤੇ ਉਨਾਂ ਵੱਲੋਂ ਅਧਿਕਾਰੀਆਂ ਨੂੰ ਹਦਾਇਤ ਜਾਰੀ ਕੀਤੀ ਕਿ ਆਕਸੀਜਨ ਪਲਾਂਟ ਤੋਂ ਇਲਾਵਾ ਸਰਕਾਰੀ ਸਿਹਤ ਸੰਸਥਾਵਾਂ ਵਿੱਚ ਦਿੱਤੀਆਂ ਜਾਣ ਵਾਲੀਆਂ ਸਾਰੀਆਂ ਹੀ ਸਹੂਲਤਾਂ ਦੀ ਸਮੇਂ ਸਮੇਂ ਸਿਰ ਜਾਂਚ ਕੀਤੀ ਜਾਵੇ ਤਾਂ ਜੋ ਨਾਗਰਿਕਾਂ ਨੂੰ ਨਿਰਵਿਘਨ ਤੇ ਸਹੀ ਢੰਗ ਨਾਲ ਸਿਹਤ ਸਹੂਲਤਾਂ ਮੁਹਈਆ ਕਰਵਾਈਆ ਜਾ ਸਕਣ। ਇਸ ਮੌਕੇ ਉਹਨਾਂ ਦੇ ਨਾਲ ਖਡੂਰ ਸਾਹਿਬ ਤੋਂ ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ ਜ਼ਿਲਾ ਪ੍ਰਸ਼ਾਸ਼ਨ ਦੇ ਅਧਿਕਾਰੀ ਤੇ ਹੋਰ ਪਤਵੰਤੇ ਮੌਜੂਦ ਰਹੀ ਮੌਜੂਦ ਰਹੇ।

---------------------------------------------------

ਦੇਸ਼  79ਵੇਂ ਆਜ਼ਾਦੀ ਦਿਹਾੜੇ ਦੇ ਉਤਸਵ ਦੀ ਤਿਆਰੀ ਕਰ ਰਿਹਾ ਏ

।ਇਸ ਦੌਰਾਨ  ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ 15 ਅਗਸਤ ਨੂੰ ਲਾਲ ਕਿਲੇ ਦੀ ਫਸੀਲ ਤੋਂ ਆਪਣੇ ਸੰਬੋਧਨ ਦੇ ਲਈ ਸਾਰੇ ਨਾਗਰਿਕਾਂ ਨੂੰ ਆਪਣੇ ਵਿਚਾਰ ਅਤੇ ਸੁਝਾਅ ਸਾਂਝਾ ਕਰਨ ਦਾ ਸੱਦਾ ਦਿੱਤਾ ਏ ।ਐਕਸ 'ਤੇ ਸਾਂਝਾ ਕੀਤੇ ਗਏ ਇੱਕ ਸੰਦੇਸ਼ ਵਿੱਚ ਪ੍ਰਧਾਨ ਮੰਤਰੀ ਨੇ ਕਿਹਾ ਕਿ ਜਿਵੇਂ-ਜਿਵੇਂ ਅਸੀਂ ਇਸ ਵਰ੍ਹੇ ਦੇ ਆਜ਼ਾਦੀ ਦਿਹਾੜੇ ਦੇ ਨੇੜੇ ਪਹੁੰਚ ਰਹੇ ਹਾਂ, ਉਹ ਆਪਣੇ ਸਾਥੀ ਭਾਰਤੀਆਂ ਦੇ ਵਿਚਾਰ ਸੁਣਨ ਲਈ ਉਤਸੁਕ ਨੇ ਉਨ੍ਹਾਂ ਕਿਹਾ ਕਿ ਲੋਕ ਇਸ ਵਰ੍ਹੇ ਦੇ ਆਜ਼ਾਦੀ ਦਿਹਾੜੇ ਭਾਸ਼ਣ ਵਿੱਚ ਕਿਹੜੇ ਵਿਸ਼ਿਆਂ ਜਾਂ ਵਿਚਾਰਾਂ ਨੂੰ ਪ੍ਰਤੀ-ਬਿੰਬਿਤ ਹੁੰਦੇ ਦੇਖਣਾ ਚਾਹੁੰਦੇ ਨੇ ਉਨ੍ਹਾਂ ਬਾਰੇ ਆਪਣੇ ਵਿਚਾਰ

MyGov ਅਤੇ NaMo ਐਪ ਦੇ ਓਪਨ ਫੋਰਮ ‘ਤੇ ਸਾਂਝਾ ਕਰਨ।

---------------------------------------------------------

ਯੁੱਧ ਨਸ਼ਿਆ ਵਿਰੁੱਧ" ਮੁਹਿੰਮ ਤਹਿਤ ਸੂਬੇ ਦੇ ਸਾਰੇ ਸਰਕਾਰੀ ਸਕੂਲਾਂ ਵਿੱਚ 9ਵੀਂ ਤੋਂ 12ਵੀਂ ਜਮਾਤ ਦੇ ਵਿਦਿਆਰਥੀਆਂ ਲਈ ਇੱਕ ਨਿਵੇਕਲਾ ਨਸ਼ਾ ਰੋਕਥਾਮ ਪਾਠਕ੍ਰਮ ਸ਼ੁਰੂ ਕੀਤਾ ਜਾ ਰਿਹਾ ਏ । ਜਿਸ ਦੀ ਸ਼ੁਰੂਆਤ ਮੁੱਖ ਮੰਤਰੀ  ਭਗਵੰਤ ਸਿੰਘ ਮਾਨ ਨੇ ਅੱਜ ਫਾਜ਼ਿਲਕਾ ਜ਼ਿਲ੍ਹੇ ਦੀ ਮੰਡੀ

ਅਰਨੀਵਾਲਾ ਸ਼ੇਖ ਸ਼ੁਭਾਨ ਵਿਖੇ ਸੂਬਾ ਪੱਧਰੀ ਨਸ਼ਾ ਰੋਕਥਾਮ ਪਾਠਕ੍ਰਮ ਦੀ ਸ਼ੁਰੂਆਤ ਕੀਤੀ । ਇਸ ਪਹਿਲਕਦਮੀ ਤਹਿਤ ਅੱਠ ਲੱਖ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਖ਼ਤਰੇ ਬਾਰੇ ਜਾਗਰੂਕ ਕਰਨ ਦੇ ਮੰਤਵ ਨਾਲ 'ਨਸ਼ਿਆਂ ਖ਼ਿਲਾਫ਼ ਜੰਗ' ਤਹਿਤ ਸਕੂਲੀ ਪਾਠਕ੍ਰਮ ਜਾਰੀ ਕੀਤਾ ।ਮੁੱਖ ਮੰਤਰੀ ਨੇ ਦੱਸਿਆ ਕਿ ਇਸ ਪ੍ਰੋਗਰਾਮ ਤਹਿਤ ਮੋਹਰੀ ਵਿਵਹਾਰ ਵਿਗਿਆਨੀ, ਨੌਵੀਂ ਤੋਂ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਤੋਂ ਦੂਰ ਰਹਿਣ ਸਬੰਧੀ ਗਿਆਨ ਅਤੇ ਹੁਨਰਾਂ ਨਾਲ ਸਸ਼ਕਤ ਬਣਾਉਣਗੇ। ਉਨ੍ਹਾਂ ਦੱਸਿਆ ਕਿ ਪਾਠਕ੍ਰਮ ਵਿੱਚ 35-ਮਿੰਟ ਦੇ ਸੈਸ਼ਨ ਹੋਣਗੇ ਅਤੇ ਇਸ ਵਿੱਚ ਦਸਤਾਵੇਜ਼ੀ, ਕੁਇੱਜ਼, ਪੋਸਟਰ ਅਤੇ ਇੰਟਰ-ਐਕਟਿਵ ਗਤੀਵਿਧੀਆਂ ਸ਼ਾਮਲ ਹੋਣਗੀਆਂ । ਇਹ ਯਤਨ ਨਸ਼ਿਆਂ ਦੀ ਲਾਹਣਤ ਨਾਲ ਨਜਿੱਠਣ ਅਤੇ ਪੰਜਾਬ ਦੇ ਨੌਜਵਾਨਾਂ ਲਈ ਇੱਕ ਉੱਜਵਲ ਭਵਿੱਖ ਨੂੰ ਸੁਰੱਖਿਅਤ ਕਰਨ ਲਈ ਸਰਕਾਰ ਦੀ ਸਮਰਪਣ ਭਾਵਨਾ ਨੂੰ ਦਰਸਾਉਂਦੇ ਹਨ। ਜਲਾਲਾਬਾਦ ਦੇ ਵਿਧਾਇਕ ਜਗਦੀਪ ਕੰਬੋਜ ਗੋਲਡੀ ਨੇ ਕਿਹਾ ਕਿ ਨਸ਼ਿਆਂ ਖਿਲਾਫ ਆਯੋਜਿਤ ਕੀਤਾ ਜਾਣ ਵਾਲਾ ਇਹ ਉਪਰਾਲਾ ਵਿਦਿਆਰਥੀਆਂ ਨੂੰ ਨਵੀ ਦਿਸ਼ਾ

ਪ੍ਰਦਾਨ ਕਰੇਗਾ | ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਵੀ ਇਸ ਮੌਕੇ ਮੌਜੂਦ ਰਹੇ।

-----------------------------------------------------------

ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਪਟਿਆਲਾ ਜ਼ਿਲ੍ਹੇ ਦੇ ਪਿੰਡ ਨਿਆਲ ਦੇ ਦੋ ਡਰਾਈਵਰਾਂ ਵੱਲੋਂ ਖੁਦਕੁਸ਼ੀ ਕਰਨ ਦੇ ਮਾਮਲੇ ਵਿੱਚ, ਆਪਣੇ ਪੱਧਰ 'ਤੇ ਨੋਟਿਸ ਲੈਂਦਿਆਂ ਸੀਨੀਅਨ ਪੁਲਿਸ ਕਪਤਾਨ ਨੂੰ ਤਲਬ ਕੀਤਾ ਏ। ਕਮਿਸ਼ਨ ਦੇ ਬੁਲਾਰੇ ਨੇ ਦੱਸਿਆ ਕਿ ਪਟਿਆਲਾ ਜ਼ਿਲ੍ਹੇ ਦਾ ਕਸਬਾ ਪਾਤੜਾਂ ਨੇੜੇ ਪੈਂਦੇ ਪਿੰਡ ਨਿਆਲ ਦੇ ਦੋ ਡਰਾਈਵਰ  ਵੱਲੋਂ ਬੀਤੇ ਦਿਨੀਂ ਖੁਦਕੁਸ਼ੀ ਕਰ ਲਈ ਗਈ ਸੀ, ਇਨ੍ਹਾਂ ਵਿੱਚੋਂ ਇਕ ਮ੍ਰਿਤਕ ਹਰਪ੍ਰੀਤ ਸਿੰਘ ਅਨੂਸੂਚਿਤ ਜਾਤੀ ਨਾਲ ਸਬੰਧਤ ਸੀ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਵੱਲੋਂ ਬੀਤੇ ਛੇ ਦਿਨਾਂ ਤੋਂ ਪਾਤੜਾਂ ਪਟਿਆਲਾ ਮਾਰਗ ‘ਤੇ ਧਰਨਾ ਲਗਾਇਆ ਗਿਆ ਏ। ਇਸ ਮਾਮਲੇ ਵਿੱਚ ਕਮਿਸ਼ਨ ਦੇ ਚੇਅਰਮੈਨ ਨੇ ਐਸ.ਐਸ.ਪੀ.  ਨੂੰ ਨਿੱਜੀ ਤੌਰ ‘ਤੇ ਪੇਸ਼ ਹੋ ਕੇ 5 ਅਗਸਤ,  ਨੂੰ ਰਿਪੋਰਟ ਪੇਸ਼ ਕਰਨ ਲਈ ਕਿਹਾ ਏ।

---------------------------------------------------------

ਪੰਜਾਬ ਦੀ ਸਮਾਜਿਕ ਸੁਰੱਖਿਆ ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਡੇਰਾਬੱਸੀ ਫਲਾਈਓਵਰ ਨੇੜੇ ਭੀਖ ਮੰਗ ਰਹੇ ਬੱਚਿਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੇ ਬੇਹੱਦ ਮਾੜੇ ਹਾਲਤ ਬਾਰੇ ਸਾਹਮਣੇ ਆਈਆਂ ਰਿਪੋਰਟਾਂ ਤੋਂ ਬਾਅਦ, ਤੁਰੰਤ ਕਾਰਵਾਈ ਕਰਦਿਆਂ ਇਨ੍ਹਾਂ ਬੱਚਿਆਂ ਦੇ ਬਚਾਅ ਅਤੇ ਮੁੜ ਵਸੇਬੇ ਲਈ ਸਖ਼ਤ ਹੁਕਮ ਜਾਰੀ ਕੀਤੇ ਨੇ । ਰਿਪੋਰਟ ਅਨੁਸਾਰ, ਇਹ ਬੱਚੇ ਅਤੇ ਉਨ੍ਹਾਂ ਦੇ ਪਰਿਵਾਰ ਖੁੱਲੀਆਂ ਥਾਂਵਾਂ 'ਤੇ ਰਹਿ ਰਹੇ ਨੇ ਜੋ ਕਿ ਅਸੁਰੱਖਿਅਤ ਅਤੇ ਗੰਦਗੀ ਭਰੀਆਂ ਹਾਲਤ ਵਿੱਚ ਨੇ । ਡਾ. ਬਲਜੀਤ ਕੌਰ ਨੇ ਕਿਹਾ ਕਿ ਇਹ ਬੱਚੇ ਸ਼ੋਸ਼ਣ ਦਾ ਸ਼ਿਕਾਰ ਹੋ ਰਹੇ ਨੇ ਅਤੇ ਉਨ੍ਹਾਂ ਦੀ ਸੁਰੱਖਿਆ ਸਰਕਾਰ ਦੀ ਪਹਿਲੀ ਤਰਜੀਹ ਹੈ। ਉਨ੍ਹਾਂ ਨੇ ਬਾਲ ਵਿਕਾਸ ਵਿਭਾਗ ਦੇ ਅਧਿਕਾਰੀਆਂ, ਬਾਲ ਸੁਰੱਖਿਆ ਇਕਾਈਆਂ ਅਤੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਤੁਰੰਤ ਇਲਾਕੇ 'ਚ ਵਿਸ਼ੇਸ਼ ਬਚਾਅ ਮੁਹਿੰਮ ਚਲਾਉਣ ਦੇ ਹੁਕਮ ਦਿੱਤੇ ਨੇ । ਬਚਾਏ ਹੋਏ ਬੱਚਿਆਂ ਨੂੰ ਤੁਰੰਤ ਰਿਹਾਇਸ਼, ਭੋਜਨ, ਮੈਡੀਕਲ ਸਹੂਲਤ ਅਤੇ ਸਿੱਖਿਆ ਦੀ ਵਿਵਸਥਾ ਕੀਤੀ ਜਾਵੇਗੀ। ਡਾ. ਬਲਜੀਤ ਕੌਰ ਨੇ ਸੂਬੇ ਦੇ ਹੋਰ ਸਾਰੇ

ਜ਼ਿਲ੍ਹਿਆਂ ਦੇ ਅਧਿਕਾਰੀਆਂ ਨੂੰ ਵੀ ਹੁਕਮ ਦਿੱਤੇ ਹਨ ਕਿ ਡੇਰਾਬੱਸੀ ਵਰਗੇ ਮਾਮਲਿਆਂ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਆਪਣੇ-ਆਪਣੇ ਜ਼ਿਲ੍ਹਿਆਂ ਵਿੱਚ ਵੀ ਭੀਖ ਮੰਗ ਰਹੇ ਬੱਚਿਆਂ ਦੀ ਪਛਾਣ, ਬਚਾਅ ਅਤੇ ਮੁੜ ਵਸੇਬੇ ਲਈ ਤੁਰੰਤ ਵਿਸ਼ੇਸ਼ ਮੁਹਿੰਮ ਚਲਾਈ ਜਾਵੇ।

---------------------------------------------------------

ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਸਰਹੱਦ ਪਾਰੋਂ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਦੋ ਮਾਡਿਊਲਾਂ ਦਾ ਪਰਦਾਫਾਸ਼ ਕਰਦਿਆਂ ਇੱਕ ਨਾਬਾਲਗ ਸਮੇਤ 4 ਕਾਰਕੁਨਾਂ ਨੂੰ ਗ੍ਰਿਫ਼ਤਾਰ ਕੀਤਾ ਏ। ਅੰਮ੍ਰਿਤਸਰ ਦੇ ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ।

**BYTE**

---------------------------------------------------------

ਆਮਦਨ ਤੋਂ ਵੱਧ ਜਾਇਦਾਦ ਬਣਾਉਣ ਦੇ ਮਾਮਲੇ ਵਿੱਚ ਪੰਜਾਬ ਵਿਜੀਲੈਂਸ ਵਿਭਾਗ ਵੱਲੋਂ ਗ੍ਰਿਫ਼ਤਾਰ ਅਕਾਲੀ ਦਲ ਦੇ ਸੀਨੀਅਰ ਨੇਤਾ ਬਿਕਰਮ ਮਜੀਠੀਆ ਦੀ ਜ਼ਮਾਨਤ ਅਰਜ਼ੀ 'ਤੇ ਅੱਜ ਮੁਹਾਲੀ ਦੇ ਵਧੀਕ

ਜ਼ਿਲ੍ਹਾ ਤੇ ਸੈਸ਼ਨ ਜੱਜ ਹਰਦੀਪ ਸਿੰਘ ਦੀ ਅਦਾਲਤ ਵਿੱਚ ਮੁੜ ਸੁਣਵਾਈ ਹੋਈ। ਸੁਣਵਾਈ ਮਗ਼ਰੋਂ ਅਦਾਲਤ ਨੇ 4 ਅਗਸਤ ਤਰੀਕ ਤੱਕ ਫ਼ੈਸਲਾ ਟਾਲ ਦਿੱਤਾ ਏ। ਸਾਡੇ ਮੋਹਾਲੀ ਵਾਲੇ ਪੱਤਰਕਾਰ ਨੇ ਦਸਿਆ ਏ ਕਿ ਬਿਕਰਮ ਮਜੀਠੀਆ ਦੀ ਕੱਲ ਹੋਣ ਵਾਲੀ ਪੇਸ਼ੀ ਹੁਣ ਵੀਡਿਓ ਕਾਨਫਰੰਸਿੰਗ ਰਾਹੀਂ ਹੋਵੇਗੀ। ਜਿਕਰਯੋਗ ਏ ਕਿ ਬਿਕਰਮ ਮਜੀਠੀਆ ਨੂੰ ਮੁਹਾਲੀ ਅਦਾਲਤ ਨੇ ਨਾਭਾ ਜੇਲ ਤੋਂ ਨਿਆਇਕ ਰਿਮਾਂਡ ਖਤਮ ਹੋਣ ਮਗਰੋਂ 19 ਜੁਲਾਈ ਨੂੰ ਪੇਸ਼ੀ ਭੁਗਤਣ ਮਗਰੋਂ ਦੋ ਅਗਸਤ ਤੱਕ ਮੁੜ ਨਿਊ ਨਾਭਾ ਜੇਲ੍ਹ 'ਚ ਨਿਆਇਕ ਹਿਰਾਸਤ ਵਿੱਚ ਭੇਜ ਦਿੱਤਾ ਸੀ।

ਜੇਲ੍ਹ ਬੈਰਕ ਬਦਲਣ ਦੀ ਸੁਣਵਾਈ ਕੱਲ ਨੂੰ ਹੋਵੇਗੀ।

---------------------------------------------------------

ਅੱਜ ਮੁਹਾਲੀ ਦੀ ਵਿਸ਼ੇਸ਼ ਸੀ. ਬੀ. ਆਈ. ਅਦਾਲਤ ਦੇ ਜੱਜ ਬਲਜਿੰਦਰ ਸਿੰਘ ਸਰਾਂ ਵਲੋਂ ਸਾਲ 1993 'ਚ ਤਰਨਤਾਰਨ ਪੁਲਿਸ ਵੱਲੋ ਦੋ ਝੂਠੇ ਪੁਲਿਸ ਮੁਕਾਬਲਿਆਂ ਵਿੱਚ ਮਾਰੇ ਗਏ ਸੱਤ ਵਿਅਕਤੀਆਂ ਬਾਰੇ ਫ਼ੈਸਲਾ ਸੁਣਾਇਆ ਗਿਆ। ਇਨਾ ਵਿਚ ਤਿੰਨ ਪੁਲਿਸ ਮੁਲਾਜ਼ਮਾਂ, SPO ਅਤੇ ਚਾਰ ਹੋਰ ਵਿਅਕਤੀਆਂ ਨੂੰ ਮਾਰਨ ਦਾ ਦੋਸ਼ ਸੀ। ਇਸ ਮਾਮਲੇ 'ਚ

ਅਦਾਲਤ ਨੇ ਪੰਜ ਮੁਲਜ਼ਮਾਂ ਨੂੰ ਦੋਸ਼ੀ ਠਹਿਰਾਇਆ ਏ ਅਤੇ ਸਜ਼ਾ ਸੋਮਵਾਰ ਨੂੰ ਸੁਣਾਈ ਜਾਵੇਗੀ। ਇਹ ਮਾਮਲੇ ਵੱਖ ਵੱਖ ਧਾਰਾਵਾਂ ਤਹਿਤ ਦਰਜ਼ ਕੀਤੇ ਗਏ ਸਨ। ਪੰਜੋ ਪੁਲਿਸ ਮੁਲਾਜ਼ਮ ਨੇ। ਕੁੱਲ 10 ਜਣਿਆ ਖ਼ਿਲਾਫ਼ ਮਾਮਲਾ ਦਰਜ ਕੀਤਾ ਗਿਆ ਸੀ ਪਰ ਪੰਜ ਦੀ ਮੌਤ ਹੋ ਚੁਕੀ ਏ। ਪੀੜਤ ਪਰਵਾਰ ਦਾ ਕਹਿਣਾ ਏ ਕਿ ਉਨ੍ਹਾਂ ਨੂੰ 32 ਸਾਲ ਬਾਦ ਇਨਸਾਫ਼ ਮਿਲਿਆ ਏ।

-----------------------------------------------------

ਸਿਹਤ ਮੰਤਰੀ ਡਾ ਬਲਬੀਰ ਸਿੰਘ ਵਲੋਂ ਹਰ ਸ਼ੁੱਕਰਵਾਰ ਡੇਂਗੂ ਤੇ ਵਾਰ ਮੁਹਿੰਮ ਤਹਿਤ ਜਿਲਾ ਅੰਮ੍ਰਿਤਸਰ ਵਿਖੇ ਜਾਗਰੂਕਤਾ ਅਭਿਆਨ ਚਲਾਇਆ ਗਿਆ। ਉਹਨਾਂ ਕਰਮਪੁਰਾ, ਰਣਜੀਤ ਐਵੀਨਿਊ ਸਥਿਤ ਸੀਨੀਅਰ ਸੈਕੰਡਰੀ ਸਕੂਲ ਵਿਖੇ ਇੱਕ ਸਮਾਗਮ ਕਰਵਾਇਆ ਗਿਆ। ਇਸ ਦੌਰਾਨ ਸਕੂਲ ਦੇ ਬੱਚਿਆਂ ਤੋਂ ਇਲਾਵਾ ਆਸ਼ਾ ਵਰਕਰਾਂ ਅਤੇ ਨਰਸਿੰਗ ਸਟੂਡੈਂਟ ਨੇ ਹਿੱਸਾ ਲਿਆ। ਸਿਹਤ ਵਿਭਾਗ ਦੀਆਂ ਟੀਮਾਂ ਨੇ ਸਕੂਲ ਤੇ ਆਲੇ ਦੁਆਲੇ ਦੇ ਇਲਾਕਿਆਂ ਜਾਂਚ ਕੀਤੀ। ਸਿਹਤ ਮੰਤਰੀ ਨੇ ਵਿਦਿਆਰਥੀਆਂ, ਆਸ਼ਾ ਵਰਕਰਾਂ ਅਤੇ ਨਰਸਿੰਗ ਵਿਦਿਆਰਥੀਆਂ ਨੂੰ

ਜਾਗਰੂਕ ਕੀਤਾ । ਸਿਹਤ ਮੰਤਰੀ ਡਾ ਬਲਬੀਰ ਸਿੰਘ ਨੇ ਕਿਹਾ ਕਿ ਬਰਸਾਤ ਦੇ ਮੌਸਮ ਵਿਚ ਬਹੁਤ ਸਾਰੀਆਂ ਥਾਵਾਂ ਤੇ ਪਾਣੀ ਦਾ ਇੱਕਠਾ ਹੋਣਾਂ ਸੁਭਾਵਿਕ ਏ। ਸਾਰਿਆਂ ਦੀ ਇਹ ਜਿੰਮੇਵਾਰੀ ਬਣਦੀ ਏ ਕਿ ਕਿਤੇ ਵੀ ਪਾਣੀ ਇੱਕਠਾ ਨਾਂ ਹੋਣ ਦਈਏ

---------------------------------------------------

ਪੰਜਾਬ ਭਰ ਵਿੱਚ ਅੱਜ ਬਹੁਤੀਆਂ ਥਾਵਾਂ ਤੇ ਹਲਕੀ ਤੋਂ ਦਰਮਿਆਨੀ ਬਾਰਿਸ਼ ਜਦਕਿ ਕਈ ਥਾਵਾਂ 'ਤੇ ਭਾਰੀ ਬਾਰਿਸ਼ ਵੀ ਹੋਈ ਏ। ਮੌਸਮ ਵਿਭਾਗ ਨੇ ਬਾਰਿਸ਼ ਦਾ ਇਹ ਸਿਲਸਿਲਾ ਅਗਲੇ ਪੰਜ ਦਿਨਾਂ ਤੱਕ ਜਾਰੀ ਰਹਿਣ ਦੀ ਪੇਸ਼ੀਨਗੋਈ ਕੀਤੀ ਏ। ਅੱਜ ਅਤੇ 4 ਤੇ 5 ਅਗਸਤ ਨੂੰ ਕਈ ਥਾਵਾਂ ਤੇ ਭਾਰੀ ਬਾਰਿਸ਼ ਹੋਣ ਦੀ ਸੰਭਾਵਨਾ ਵੀ ਜਤਾਈ ਗਈ ਏ।ਅੱਜ ਸੂਬੇ ਵਿੱਚ ਜਿਨਾਂ ਥਾਵਾਂ ਤੇ ਦਰਮਿਆਨੀ ਤੋਂ ਭਾਰੀ ਬਾਰਿਸ਼ ਹੋਈ ਏ ਅਤੇ ਹੋਰ ਹੋ ਸਕਦੀ ਏ ਉਹਨਾਂ ਵਿੱਚ ਪਠਾਨਕੋਟ, ਗੁਰਦਾਸਪੁਰ, ਹੁਸ਼ਿਆਰਪੁਰ, ਜਲੰਧਰ ,ਨਵਾਂ ਸ਼ਹਿਰ, ਬਠਿੰਡਾ, ਮੁਕਤਸਰ, ਸੰਗਰੂਰ ,ਫਾਜ਼ਿਲਕਾ ਲੁਧਿਆਣਾ, ਰੂਪ ਨਗਰ, ਐਸ.ਏ.ਐਸ ਨਗਰ ਅਤੇ ਪਟਿਆਲਾ ਸ਼ਾਮਿਲ ਨੇ ਮੌਸਮ ਵਿਭਾਗ ਅਨੁਸਾਰ ਅੱਜ ਵੱਧ ਤੋਂ ਵੱਧ

ਤਾਪਮਾਨ 33.5 ਡਿਗਰੀ ਸੈਲਸੀਅਸ ਗੁਰਦਾਸਪੁਰ ਵਿੱਚ ਅਤੇ ਘੱਟ ਤੋਂ ਘੱਟ ਤਾਪਮਾਨ 22.6 ਡਿਗਰੀ ਸੈਲਸੀਅਸ ਥੀਨ ਡੈਮ ਵਿਖੇ ਦਰਜ ਕੀਤਾ ਗਿਆ ਏ।

---------------------------------------------------------

- ਉਪ ਰਾਸ਼ਟਰਪਤੀ ਦੀ ਚੋਣ 9 ਸਤੰਬਰ ਨੂੰ - ਨਾਮਜ਼ਦਗੀਆਂ ਦਾਖਲ ਕਰਨ ਦੀ ਆਖਰੀ ਤਰੀਕ 21 ਅਗਸਤ।
- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਵਲੋਂ ਪੰਜਾਬ ਦੀਆਂ ਵੱਖ-ਵੱਖ ਯੂਨੀਵਰਸਿਟੀਆਂ ਦੇ ਵਾਈਸ ਚਾਂਸਲਰਾਂ ਨਾਲ ਮੀਟਿੰਗ - ਵਿਕਸਿਤ ਭਾਰਤ ਯੁਵਾ ਕਨੈਕਟ ਪ੍ਰੋਗਰਾਮ ਨੂੰ ਲਾਗੂ ਕਰਨ ਬਾਰੇ ਕੀਤੀ ਚਰਚਾ।
- ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ -ਸੂਬਾ ਸਰਕਾਰ ਵੱਲੋਂ ਸਾਰੇ ਸਰਕਾਰੀ ਹਸਪਤਾਲਾਂ ਵਿਚ ਨਿਰਵਿਘਨ ਬਿਜਲੀ ਪਹੁੰਚਾਉਣ ਲਈ ਹਾਟਲਾਈਨ ਸੇਵਾਵਾਂ ਨਾਲ ਜੋੜਿਆ ਜਾਵੇਗਾ।

- ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਵਲੋਂ ਸਰਹੱਦ ਪਾਰੋਂ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਦੋ ਮਾਡਿਊਲਾਂ ਦਾ ਪਰਦਾਫਾਸ਼- ਇੱਕ ਨਾਬਾਲਗ ਸਮੇਤ 4 ਕਾਰਕੁਨਾਂ ਨੂੰ ਅਸਲੇ ਸਮੇਤ ਕੀਤਾ ਗ੍ਰਿਫ਼ਤਾਰ।
- ਪੰਜਾਬ ਭਰ ਵਿੱਚ ਅੱਜ ਬਹੁਤੀਆਂ ਥਾਵਾਂ ਤੇ ਹਲਕੀ ਤੋਂ ਦਰਮਿਆਨੀ ਬਾਰਿਸ਼ ਜਦਕਿ ਕਈ ਥਾਵਾਂ 'ਤੇ ਭਾਰੀ ਬਾਰਿਸ਼ ਹੋਈ - ਮੌਸਮ ਵਿਭਾਗ ਵਲੋਂ ਬਾਰਿਸ਼ ਦਾ ਇਹ ਸਿਲਸਿਲਾ ਅਗਲੇ ਪੰਜ ਦਿਨਾਂ ਤੱਕ ਜਾਰੀ ਰਹਿਣ ਦੀ ਪੇਸ਼ੀਨਗੋਈ।

**ਆਕਾਸ਼ਵਾਣੀ ਤੋਂ ਖਬਰਾਂ ਖਤਮ ਹੋਈਆਂ**

**ਖਬਰਾਂ ਦਾ ਅਗਲਾ ਰਾਸ਼ਟਰੀ ਬੁਲੇਟਿਨ ਤੁਸੀਂ ਸੁਣੋਗੇ ਸਾਢੇ 7 ਵਜੇ .**

**ਨਮਸਕਾਰ**